## ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ. / ਐ.ਸਿ.), ਬਠਿੰਡਾ

ਵੱਲ

ਸਕੂਲ ਮੁਖੀ,

ਸਮੂਹ ਪ੍ਰਾਈਵੇਟ ਸਕੂਲਜ਼,

ਬਠਿੰਡਾ।

ਪੱਤਰ ਨੰ:-ਸਸਅ/ਆਰ.ਟੀ.ਈ./2024-25/2642 ਮਿਤੀ ਬਠਿੰਡਾ: 16.01.2025

ਵਿਸ਼ਾ- ਸਕੂਲ ਬੱਸਾਂ/ਵੈਨਾਂ ਵਿੱਚ ਕੰਮ ਕਰਦੇ ਡਰਾਈਵਰਾਂ ਅਤੇ ਕੰਡਕਟਰਾਂ ਸਬੰਧੀ ਸਰਟੀਫਿਕੇਟ ਦੇਣ ਬਾਰੇ।

ਹਵਾਲਾ ਨੰ:- ਇਸ ਦਫਤਰ ਦੇ ਪੱਤਰ ਨੰ: ਸਸਅ/ਆਰ.ਟੀ.ਈ./2024-25/2581 ਮਿਤੀ ਬਠਿੰਡਾ:25.09.2024 ਅਤੇ ਪੱਤਰ ਮਿਤੀ 25.10.2024

ਉਪਰੋਕਤ ਵਿਸ਼ਾ ਅਤੇ ਹਵਾਲਾ ਅਧੀਨ ਪੱਤਰਾਂ ਰਾਹੀਂ ਜਿਲ੍ਹੇ ਦੇ ਸਮੂਹ ਸਕੂਲ ਮੁਖੀ ਸਾਹਿਬਾਨ (ਪ੍ਰਾਈਵੇਟ ਮਾਨਤਾ ਪ੍ਰਾਪਤ ਸਕੂਲਜ਼) ਨੂੰ ਸਮੇਂ ਸਮੇਂ ਤੇ ਸਕੂਲ ਬੱਸਾਂ/ਵੈਨਾਂ ਦੇ ਡਰਾਈਵਰਾਂ ਅਤੇ ਕੰਡਕਟਰਾਂ ਦੀ ਪੁਲਿਸ ਵੈਰੀਫਿਕੇਸ਼ਨ, ਉਹਨਾਂ ਦੇ ਡੋਪ ਟੈਸਟ ਅਤੇ ਨਿਗ੍ਹਾ ਟੈਸਟ ਕਰਵਾ ਕੇ ਇਸ ਦਫਤਰ ਨੂੰ ਸਰਟੀਫਿਕੇਟ ਜਮ੍ਹਾ ਕਰਵਾਉਣ ਦੀ ਹਦਾਇਤ ਕੀਤੀ ਗਈ ਸੀ। ਪ੍ਰੰਤੂ ਹਾਲੇ ਤੱਕ ਬਹੁਤ ਹੀ ਥੋੜੇ ਸਕੂਲਾਂ ਵੱਲੋਂ ਇਹ ਸਰਟੀਫਿਕੇਟ ਇਸ ਦਫਤਰ ਨੂੰ ਭੇਜੇ ਗਏ ਹਨ। ਮਿਤੀ 23.10.2024 ਅਤੇ 10.01.2025 ਨੂੰ ਮਾਨਯੋਗ ਡਿਪਟੀ ਕਮਿਸ਼ਨਰ ਜੀ ਦੀ ਪ੍ਰਧਾਨਗੀ ਹੇਠ ਰੋਡ ਸੇਫਟੀ ਸਬੰਧੀ ਹੋਈ ਮੀਟਿੰਗ ਵਿੱਚ ਉਹਨਾਂ ਵੱਲੋਂ ਇਹਨਾਂ ਸਰਟੀਫਿਕੇਟਾਂ ਬਾਰੇ ਪੁੱਛਿਆ ਗਿਆ ਅਤੇ ਮਿਤੀ 17.01.2025 ਤੱਕ ਉਕਤ ਸਰਟੀਫਿਕੇਟ ਜਮ੍ਹਾ ਕਰਵਾਉਣ ਦੀ ਹਦਾਇਤ ਕੀਤੀ ਗਈ ਹੈ। ਇਸ ਸਬੰਧੀ ਪ੍ਰਾਈਵੇਟ ਸਕੂਲਾਂ ਦੇ ਮੁਖੀਆਂ ਨਾਲ ਜ਼ੂਮ ਮੀਟਿੰਗ ਰਾਹੀਂ ਵੀ ਸਮੇਂ ਸਮੇਂ ਤੇ ਹਦਾਇਤ ਕੀਤੀ ਜਾਂਦੀ ਰਹੀ ਹੈ ਪ੍ਰੰਤੂ ਇਸ ਦੇ ਬਾਵਜੂਦ ਸਕੂਲਾਂ ਵੱਲੋਂ ਇਸ ਨੂੰ ਸੰਜੀਦਗੀ ਨਾਲ ਨਹੀਂ ਲਿਆ ਜਾਂਦਾ। ਇਸ ਲਈ ਆਪ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਆਪ ਵੱਲੋਂ ਇਹ ਸਰਟੀਫਿਕੇਟ ਮਿਤੀ 17.01.2025 ਤੱਕ ਇਸ ਦਫਤਰ ਨੂੰ ਭੇਜਣੇ ਯਕੀਨੀ ਬਣਾਏ ਜਾਣ। ਜਿਨ੍ਹਾਂ ਸਕੂਲਾਂ ਵੱਲੋਂ ਇਹ ਸਰਟੀਫਿਕੇਟ ਨਿਰਧਾਰਿਤ ਮਿਤੀ ਤੱਕ ਪ੍ਰਾਪਤ ਨਹੀਂ ਹੁੰਦੇ ਤਾਂ ਉਨ੍ਹਾਂ ਸਕੂਲਾਂ ਦੀ ਲਿਸਟ ਤਿਆਰ ਕਰਕੇ ਮਾਨਯੋਗ ਡਿਪਟੀ ਕਮਿਸ਼ਨਰ ਜੀ ਨੂੰ ਅਗਲੇਰੀ ਕਾਰਵਾਈ ਹਿੱਤ ਭੇਜ ਦਿੱਤੀ ਜਾਵੇਗੀ। ਇਸ ਮੀਟਿੰਗ ਵਿੱਚ ਸਿਹਤ ਵਿਭਾਗ ਦੇ ਅਤੇ ਪੁਲਿਸ ਵਿਭਾਗ ਦੇ ਅਧਿਕਾਰੀ ਵੀ ਸ਼ਾਮਿਲ ਸਨ ਜਿਨ੍ਹਾਂ ਨੂੰ ਮਾਨਯੋਗ ਡਿਪਟੀ ਕਮਿਸ਼ਨਰ, ਬਠਿੰਡਾ ਜੀ ਵੱਲੋਂ ਆਦੇਸ਼ ਕਰ ਦਿੱਤੇ ਗਏ ਹਨ ਕਿ ਉਕਤ ਡਰਾਈਵਰਾਂ ਅਤੇ ਕੰਡਕਟਰਾਂ ਦੇ ਟੈਸਟ ਪਹਿਲ ਦੇ ਅਧਾਰ ਤੇ ਕੀਤੇ ਜਾਣ।

ਬਹੁਤ ਸਾਰੇ ਸਕੂਲ ਮੁਖੀਆਂ ਵੱਲੋਂ ਇਹਨਾਂ ਹਦਾਇਤਾਂ ਦੀ ਪਾਲਣਾ ਇਸ ਕਰਕੇ ਨਹੀਂ ਕੀਤੀ ਜਾਂਦੀ ਕਿ ਉਹਨਾਂ ਦੇ ਸਕੂਲ ਦੇ ਵਿਦਿਆਰਥੀਆਂ ਨੂੰ ਟਰਾਂਸਪੋਰਟ ਸਹੂਲਤ ਮੁਹੱਈਆ ਨਹੀਂ ਕਰਵਾਈ ਜਾਂਦੀ। ਜਿਕਰਯੋਗ ਹੈ ਕਿ ਸੇਫ ਵਾਹਨ ਪਾਲਿਸੀ ਦੀਆਂ ਹਦਾਇਤਾਂ ਅਨੁਸਾਰ ਸੇਫ ਵਾਹਨ ਪਾਲਿਸੀ ਜਿੰਮੇਵਾਰੀ ਸਬੰਧਤ ਸਕੂਲ ਦੀ ਲਗਾਈ ਗਈ ਹੈ ਜਿਸ ਦੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਬੱਸਾਂ/ਸਕੂਲ ਵੈਨਾਂ ਰਾਹੀਂ ਸਕੂਲ ਆਉਂਦੇ ਹਨ।

ਇਸ ਲਈ ਇਸ ਪੱਤਰ ਰਾਹੀਂ ਜਿਲ੍ਹੇ ਦੇ ਹਰੇਕ ਸਕੂਲ ਮੁਖੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਸਰਟੀਫਿਕੇਟ ਨਿਰਧਾਰਿਤ ਮਿਤੀ 17.01.2025 ਤੱਕ ਇਸ ਦਫਤਰ ਦੀ ਈ.ਮੇਲ ਆਈ.ਡੀ. dportebti@gmail.com ਤੇ ਭੇਜਣੇ ਯਕੀਨੀ ਬਣਾਏ ਜਾਣ।

ਨੋਟ- ਜਿਨ੍ਹਾ ਸਕੂਲਾਂ ਵੱਲੋਂ ਇਹ ਸਰਟੀਫਿਕੇਟ ਪ੍ਰਾਪਤ ਨਹੀਂ ਹੋਏ ਹਨ , ਉਹਨਾਂ ਸਕੂਲਾਂ ਦੀ ਲਿਸਟ ਨਾਲ ਨੱਥੀ ਹੈ।

16/01/25

ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
ਬਠਿੰਡਾ

16/01/25

ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.),
ਬਠਿੰਡਾ

ਪਿੰਠ ਅੰਕਣ ਨੰ:- ਮਿਤੀ- ਸਮ

ਉਕਤ ਦਾ ਉਤਾਰਾ ਮਾਨਯੋਗ ਡਿਪਟੀ ਕਮਿਸ਼ਨਰ ਬਠਿੰਡਾ ਜੀ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ।

16/01/25

ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
ਬਠਿੰਡਾ

16/01/25

ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.),
ਬਠਿੰਡਾ